# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 17-09-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਮੱਧ ਪ੍ਰਦੇਸ਼ ਦੇ ਧਾਰ ਤੋਂ, ਦੇਸ਼ ਵਿਆਪੀ 'ਸਵਸਥ ਨਾਰੀ, ਸਸ਼ਕਤ ਪਰਿਵਾਰ ਅਭਿਆਨ ਅਤੇ 8ਵੇਂ ਰਾ ਸ਼ਟਰੀ ਪੋਸ਼ਣ ਮਹੀਨੇ ਦੀ  ਕੀਤੀ ਸ਼ੁਰੂਆਤ ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਜਨਮਦਿਨ ਮੌਕੇ, ਅੱਜ ਦੇਸ਼ ਭਰ ਵਿੱਚ ਇੱਕ ਵਿਸ਼ਾਲ ਖ਼ੂਨਦਾਨ ਮੁਹਿੰਮ ਚਲਾਈ ਜਾ ਰਹੀ ਏ ।
- ਕੇਂਦਰੀ ਰਾਜ ਮੰਤਰੀ ਜਤਿੰਦਰ ਸਿੰਘ ਨੇ ਕਿਹਾ -

ਹੜ੍ਹ ਪ੍ਰਭਾਵਿਤ ਪੰਜਾਬ ਨੂੰ ਮੁੜ ਲੀਹ 'ਤੇ ਲਿਆਉਣ ਲਈ ਰਾਹਤ ਪੈਕੇ ਜ ਵਜੋਂ ਦਿੱਤੇ ਜਾਣ ਵਾਲੇ ਫੰਡਾਂ 'ਤੇ ਕੋਈ ਪਾਬੰਦੀ ਜਾਂ ਹੱਦ  ਨਹੀਂ ਏ ।

- ਹੜ੍ਹ ਪੀੜਤਾਂ ਦੇ ਮੁੜ ਵਸੇਬੇ ਲਈ ਉਪਰਾਲਿਆਂ ਨੂੰ ਤੇਜ਼ ਕਰਦਿਆਂ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ 'ਮਿਸ਼ਨ ਚੜ੍ਹਦੀ ਕ ਲਾ' ਦੀ ਸ਼ੁਰੂਆਤ-

ਵਿਸ਼ਵ ਪੱਧਰ 'ਤੇ ਲੋਕਾਂ ਨੂੰ ਫੰਡ ਜੁਟਾਉਣ ਦੀ ਕੀਤੀ ਅਪੀਲ  I

- ਪੰਜਾਬ ਵਿੱਚ ਹੜ੍ਹਾਂ ਕਾਰਨ ਸੂਬੇ ਦੀਆਂ 4 ਹਜ਼ਾਰ 658 ਕਿਲੋਮੀਟਰ ਸੜਕਾਂ ਅਤੇ 68 ਪੁੱਲਾਂ ਦਾ ਨੁਕਸਾਨ ਹੋਇਆ-
 ਸੂਬੇ ਦੇ ਲੋਕ ਨਿਰਮਾਣ ਮੰਤਰੀ ਨੇ ਸੰਬਧਤ ਅਧਿਕਾਰੀਆਂ ਨੂੰ ਸੜਕਾਂ ਦੀ ਮੁਰੰਮਤ ਸਬੰਧੀ ਦਿੱਤੇ ਨਿਰਦੇਸ਼ ।
- ਵਿਸ਼ਵ ਐਥਲੈਟਿਕਸ ਚੈਂਪੀਅਨਸ਼ਿਪ ਦੇ ਮੌਜੂਦਾ ਚੈਂਪੀਅਨ ਨੀਰਜ ਚੋਪੜਾ ਨੇ ਕੁਆਲੀਫਿਕੇਸ਼ਨ ਲਈ 84.5 ਮੀਟਰ ਜੈਵਲਿਨ ਸੁੱਟ ਕੇ ਫਾਈਨਲ ਵਿੱਚ ਪ੍ਰਵੇਸ਼ ਕੀਤਾ ।

**<u>ਹੁਣ ਖਬਰਾਂ ਵਿਸਥਾਰ ਨਾਲ....</u>**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਮੱਧ ਪ੍ਰਦੇਸ਼ ਦੇ ਧਾਰ ਤੋਂ ਦੇਸ਼ ਵਿਆਪੀ ਸਵਸਥ ਨਾਰੀ, ਸਸ਼ਕਤ ਪਰਿਵਾਰ ਅਭਿਆਨ ਅਤੇ 8ਵੇਂ ਰਾਸ਼ਟਰੀ ਪੋਸ਼ਣ ਮਹੀਨੇ ਦੀ ਸ਼ੁਰੂਆਤ ਕੀਤੀ । ਪ੍ਰਧਾਨ ਮੰਤਰੀ ਨੇ ਜ਼ਿਲ੍ਹੇ ਦੇ ਭੈਂਸਲਾ ਪਿੰਡ ਵਿੱਚ, ਦੇਸ਼ ਦੇ ਸਭ ਤੋਂ ਵੱਡੇ ਪੀਐਮ ਮਿੱਤਰਾ ਪਾਰਕ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਨੇ ਮਾਤਰ ਵੰਦਨਾ ਯੋਜਨਾ ਤਹਿਤ 15 ਲੱਖ ਤੋਂ ਵੱਧ ਔਰਤਾਂ ਨੂੰ ਵਿੱਤੀ ਸਹਾਇਤਾ ਵੀ ਦਿੱਤੀ। ਉਨ੍ਹਾਂ ਨੇ ਰਾਜ ਦੇ ਕਬਾਇਲੀ ਖੇਤਰਾਂ ਲਈ ਇੱਕ ਪ੍ਰੋਗਰਾਮ, ਆਦਿ ਸੇਵਾ ਪਰਵ ਦਾ ਵੀ ਉਦਘਾਟਨ ਕੀਤਾ। ਪ੍ਰਧਾਨ ਮੰਤਰੀ ਨੇ ਔਰਤਾਂ ਨੂੰ ਸਵਸਥ ਨਾਰੀ, ਸਸ਼ਕਤ ਪਰਿਵਾਰ ਅਭਿਆਨ ਤਹਿਤ ਲਾਏ ਜਾਣ ਵਾਲੇ ਸਿਹਤ ਕੈਂਪਾਂ ਵਿੱਚ ਆਪਣੀ ਜਾਂਚ ਕਰਵਾਉਣ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਨੇ

ਧਾਰ ਜ਼ਿਲ੍ਹੇ ਦੇ ਲੋਕਾਂ ਨੂੰ ਪੀਐਮ ਮਿੱਤਰਾ ਪਾਰਕ ਲਈ ਵਧਾਈ ਦਿੰਦੇ ਹੋਏ ਕਿਹਾ ਕਿ, ਇਹ ਕਿਸਾਨਾਂ ਅਤੇ ਨੌਜਵਾਨਾਂ ਲਈ ਸੁਨਹਿਰੀ ਮੌਕੇ ਲਿਆਏਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਨ੍ਹਾਂ ਤਿਉਹਾਰਾਂ ਦੌਰਾਨ ਖਰੀਦੀ ਜਾਣ ਵਾਲੀ ਹਰ ਚੀਜ਼ ਭਾਰਤ ਵਿੱਚ ਬਣਾਈ ਜਾਣੀ ਚਾਹੀਦੀ ਏ। ਉਨ੍ਹਾਂ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਇਹ ਯਕੀਨੀ ਬਣਾਉਣ ਕਿ ਉਹ ਜੋ ਵੀ ਵੇਚਣ, ਉਹ ਭਾਰਤੀ ਮੂਲ ਦਾ ਹੋਵੇ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਜਨਮਦਿਨ ਮੌਕੇ, ਅੱਜ ਦੇਸ਼ ਭਰ ਵਿੱਚ ਇੱਕ ਵਿਸ਼ਾਲ ਖ਼ੂਨਦਾਨ ਮੁਹਿੰਮ ਚਲਾਈ ਜਾ ਰਹੀ ਏ। ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਨਵੀਂ ਦਿੱਲੀ ਦੇ ITO ਵਿਖੇ ਖ਼ੂਨਦਾਨ ਕੀਤਾ। ਅਖਿਲ ਭਾਰਤੀ ਤੇਰਾਪੰਥ ਯੁਵਕ ਪ੍ਰੀਸ਼ਦ ਨੇ ਇੱਕ ਦਿਨ ਵਿੱਚ, ਤਿੰਨ ਲੱਖ ਯੂਨਿਟ ਖ਼ੂਨ ਇਕੱਠਾ ਕਰਨ ਦੇ ਟੀਚੇ ਨਾਲ ਦੇਸ਼ ਭਰ ਵਿੱਚ ਸੱਤ ਹਜ਼ਾਰ ਕੈਂਪ ਲਗਾਏ ਨੇ।

---------------------------------------------------------------

ਗਲੋਬਲ ਪੰਜਾਬੀ ਐਸੋਸੀਏਸ਼ਨ ਨੇ ਅੱਜ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਉਨ੍ਹਾਂ ਦੇ 75ਵੇਂ ਜਨਮਦਿਨ 'ਤੇ ਵਧਾਈ ਦਿੱਤੀ ਏ । ਇਸ ਨੇ ਉਨ੍ਹਾਂ ਦੀ ਲੰਬੀ ਉਮਰ ਅਤੇ ਚੰਗੀ ਸਿਹਤ ਲਈ ਪ੍ਰਾਰਥਨਾ ਕੀਤੀ ਏ ।

ਐਸੋਸੀਏਸ਼ਨ ਦੇ ਉਪ ਪ੍ਰਧਾਨ ਸੇਵਾਮੁਕਤ ਕਰਨਲ ਜੈਬੰਸ ਸਿੰਘ ਨੇ ਕਿਹਾ ।

BYTE

-----------------------------------------------------------------

ਅੱਜ ਦੇਸ਼ ਭਰ ਦੇ ਹਵਾਈ ਅੱਡਿਆਂ ਤੇ ਯਾਤਰੀ ਸੇਵਾ ਦਿਵਸ 2025 ਮਨਾਇਆ ਗਿਆ I ਇਹ ਉਪਰਾਲਾ ਮੁਸਾਫ਼ਰਾਂ ਦਾ ਤਜਰਬਾ ਵਧਾਉਣ, ਵਿਸ਼ਵ ਪੱਧਰੀ ਸੇਵਾਵਾਂ ਪ੍ਰਦਾਨ ਕਰਨਾ ਅਤੇ ਇੱਕ ਸਹਿਜ ਯਾਤਰਾ ਵਾਤਾਵਰਨ ਸਿਰਜਣ ਲਈ ਭਾਰਤੀ ਹਵਾਈ ਅੱਡਾ ਅਥਾਰਟੀ ਦੀ ਵਚਨਬੱਧਤਾ ਨੂੰ ਸਮਰਪਿਤ ਏ I ਹਵਾਈ ਅੱਡੇ ਤੇ ਪਹੁੰਚਣ ਵਾਲੇ ਯਾਤਰੀਆਂ ਦਾ ਮੱਥੇ ਤੇ ਟਿੱਕਾ ਅਤੇ ਨਿੱਘੀ ਮਹਿਮਾਨਨਿਵਾਜੀ ਨਾਲ ਰਵਾਇਤੀ ਸਵਾਗਤ ਕੀਤਾ ਗਿਆ I ਏਕ ਪੇੜ ਮਾਂ ਦੇ ਨਾਮ ਦੇ ਤਹਿਤ ਰੁੱਖ ਲਾਗਉਣ ਦੀ ਮੁਹਿੰਮ ਵੀ ਸ਼ੁਰੂ ਕੀਤੀ ਗਈ I ਪੰਜਾਬ ਦਾ ਅਮੀਰ ਵਿਰਸਾ ਅਤੇ ਸਭਿਆਚਾਰ ਦਰਸਾਉਂਦੇ ਲਾਈਵ ਸਭਿਆਚਾਰਕ ਸ਼ੋਅ ਚ ਸਕੂਲੀ ਬੱਚਿਆਂ ਦੇ ਗਿੱਧੇ ਭੰਗੜੇ ਦੀ ਪੇਸ਼ਕਾਰੀ ਕੀਤੀ ਗਈ ਤੇ 5 ਤੋਂ 12 ਸਾਲ ਦੇ ਬੱਚਿਆਂ ਦੇ ਕੁਇਜ਼ ਅਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ ਤੇ ਇਸ ਮੌਕੇ ਖੂਨਦਾਨ ਕੈਂਪ ਵੀ ਲਗਾਇਆ ਗਿਆ I

ਸ੍ਰੀ ਗੁਰੂ ਰਾਮਦਾਸ ਕੌਮਾਂਤਰੀ ਹਵਾਈ ਅੱਡੇ ਰਾਜਾਸਾਂਸੀ ਦੇ ਡਾਇਰੈਕਟਰ ਸੁਰਦਰਸ਼ਨ ਕੁਮਾਰ ਕਪਾਹੀ ਨੇ ਦਸਿਆ I

BYTE

---------------------------------------------------------------

ਪ੍ਰਧਾਨ ਮੰਤਰੀ ਦਫ਼ਤਰ ਵਿੱਚ, ਕੇਂਦਰੀ ਰਾਜ ਮੰਤਰੀ ਜਤਿੰਦਰ ਸਿੰਘ ਨੇ ਕਿਹਾ ਏ ਕਿ, ਹੜ੍ਹ ਪ੍ਰਭਾਵਿਤ ਪੰਜਾਬ ਨੂੰ ਮੁੜ ਲੀਹ 'ਤੇ ਲਿਆਉਣ ਲਈ ਰਾਹਤ ਪੈਕੇਜ ਵਜੋਂ ਦਿੱਤੇ ਜਾਣ ਵਾਲੇ ਫੰਡਾਂ 'ਤੇ ਕੋਈ ਪਾਬੰਦੀ ਜਾਂ ਸੀਮਾ ਨਹੀਂ ਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸਥਿਤੀ ਨੂੰ ਲੈ ਚਿੰਤਤ ਨੇ ਅਤੇ ਫੰਡਾਂ ਦੀ ਕੋਈ ਹੱਦ ਨਹੀਂ ਏ। ਹੜ੍ਹਾਂ ਤੋਂ ਬਾਅਦ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਸਰਹੱਦੀ ਜ਼ਿਲ੍ਹੇ ਪਠਾਨਕੋਟ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਦੌਰੇ ਦੌਰਾਨ, ਮੀਡੀਆ ਨਾਲ ਗੱਲਬਾਤ ਕਰਦਿਆਂ, ਉਨ੍ਹਾਂ ਕਿਹਾ ਕਿ ਜੋ ਵੀ ਨੁਕਸਾਨ ਹੋਇਆ ਏ, ਉਸ ਦਾ ਮੁਆਵਜ਼ਾ ਬਿਹਤਰ ਢੰਗ ਨਾਲ ਦਿੱਤਾ ਜਾਵੇਗਾ । ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ, ਪ੍ਰਭਾਵਿਤ ਇਲਾਕਿਆਂ ਦਾ ਪੁਨਰ ਨਿਰਮਾਣ ਇਸ ਤਰੀਕੇ ਨਾਲ ਕੀਤਾ ਜਾਵੇਗਾ ਕਿ, ਭਵਿੱਖ ਵਿੱਚ ਅਜਿਹੀ ਕਿਸੇ ਵੀ ਆਫ਼ਤ ਦਾ ਸਾਹਮਣਾ ਕੀਤਾ ਜਾ ਸਕੇ। ਮੰਤਰੀ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨੁਕਸਾਨੇ ਗਏ ਘਰਾਂ ਨੂੰ ਉਸੇ ਥਾਂ 'ਤੇ ਮੁੜ ਬਣਾਉਣ ਲਈ ਪੂਰੀ ਕੋਸ਼ਿਸ਼ ਕਰ ਰਿਹਾ ਏ, ਹਾਲਾਂਕਿ, ਜੇਕਰ ਲੋੜ ਪਈ ਤਾਂ ਪ੍ਰਭਾਵਿਤ ਲੋਕਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ, ਉਨ੍ਹਾਂ ਨੂੰ ਦੂਜੀ ਜਗ੍ਹਾ 'ਤੇ ਜ਼ਮੀਨ ਅਲਾਟ ਕੀਤੀ ਜਾਵੇਗੀ।

BYTE

---------------------------------------------------------------

ਪੰਜਾਬ ਦੇ ਹੜ੍ਹ ਪੀੜਤਾਂ ਦੇ ਮੁੜ ਵਸੇਬੇ ਲਈ ਉਪਰਾਲਿਆਂ ਨੂੰ ਤੇਜ਼ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 'ਮਿਸ਼ਨ ਚੜ੍ਹਦੀ ਕਲਾ' ਦੀ ਸ਼ੁਰੂਆਤ ਕੀਤੀ ਏ । ਇਸ ਮਿਸ਼ਨ ਦੇ ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਮੁੜ ਆਪਣੇ ਪੈਰਾਂ 'ਤੇ ਖੜ੍ਹਾ ਕਰਨ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਵਾਸਤੇ ਫੰਡ ਜੁਟਾਉਣ ਲਈ ਆਲਮੀ ਪੱਧਰ 'ਤੇ ਮੁਹਿੰਮ ਚਲਾਈ ਜਾਵੇਗੀ। ਇਕ ਵੀਡੀਓ ਸੰਦੇਸ਼ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਬੀਤੇ ਸਮੇਂ ਵਿੱਚ ਸੂਬਾ ਇਕ ਅਜਿਹੇ ਔਖੇ ਦੌਰ ਵਿੱਚੋਂ ਗੁਜ਼ਰਿਆ ਏ ਜਿਸ ਨੂੰ ਸਾਡੀਆਂ ਪੀੜ੍ਹੀਆਂ ਕਦੇ ਵੀ ਭੁਲਾ ਨਹੀਂ ਸਕਣਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ 2300 ਪਿੰਡ ਡੁੱਬ ਗਏ ਹਨ, 20 ਲੱਖ ਲੋਕ ਪ੍ਰਭਾਵਿਤ ਹੋਏ ਹਨ, ਪੰਜ ਲੱਖ ਏਕੜ ਫਸਲ ਤਬਾਹ ਹੋ ਗਈ ਏ , 56 ਕੀਮਤੀ ਜਾਨਾਂ ਚਲੀਆਂ ਅਤੇ 7 ਲੱਖ ਲੋਕ ਬੇਘਰ ਹੋ ਗਏ। ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ 3200 ਸਕੂਲ ਬਰਬਾਦ ਹੋ ਗਏ, 19 ਕਾਲਜ ਮਲਬੇ ਵਿੱਚ ਬਦਲ ਗਏ, 1400 ਕਲੀਨਿਕ ਤੇ ਹਸਪਤਾਲ ਖੰਡਰ ਬਣ ਗਏ ਹਨ, 8500 ਕਿਲੋਮੀਟਰ ਸੜਕਾਂ ਦੀ ਹਾਲਤ ਬਦਤਰ ਹੋ ਗਈ ਅਤੇ 2500 ਪੁਲ ਢਹਿ ਗਏ। ਉਨ੍ਹਾਂ ਕਿਹਾ ਕਿ ਮੁਢਲੇ ਅਨੁਮਾਨਾਂ ਮੁਤਾਬਕ 13,800 ਕਰੋੜ ਰੁਪਏ ਦਾ ਘਾਟਾ ਪਿਆ ਏ ਜਦਕਿ ਨੁਕਸਾਨ ਇਸ ਤੋਂ ਵੀ ਕਿਤੇ ਵੱਧ ਹੋ ਸਕਦਾ ਏ ।

ਮੁੱਖ ਮੰਤਰੀ ਨੇ ਕਿਹਾ ਕਿ ਹੜ੍ਹਾਂ ਦੇ ਦੌਰਾਨ ਵੀ ਨੌਜਵਾਨ ਆਪਣੀ ਜਾਨ ਜ਼ੋਖਮ ਵਿੱਚ ਪਾ ਕੇ ਲੋਕਾਂ ਨੂੰ ਬਚਾ ਰਹੇ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਚੁਣੌਤੀਪੂਰਨ ਦੇ ਮੱਦੇਨਜ਼ਰ 'ਮਿਸ਼ਨ ਚੜ੍ਹਦੀ ਕਲਾ' ਦੀ ਸ਼ੁਰੂਆਤ ਕੀਤੀ ਗਈ ਏ । ਚੜ੍ਹਦੀ ਕਲਾ ਦਾ ਭਾਵ ਔਖੇ ਤੋਂ ਔਖੇ ਸਮੇਂ ਵਿੱਚ ਵੀ ਹੌਂਸਲੇ ਬੁਲੰਦ ਰੱਖਣਾ। ਹਰ ਦੁੱਖ ਵਿੱਚ ਵੀ ਮਜ਼ਬੂਤ ਰਹਿਣਾ।

-------------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਨਸ਼ਾ ਤਸਕਰੀ ਸਿੰਡੀਕੇਟ ਦਾ ਪਰਦਾਫਾਸ਼ ਕਰਦਿਆਂ ਮੁੱਖ ਸੰਚਾਲਕ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ 7 ਕਿਲੋ ਤੋਂ ਵੱਧ  ਹੈਰੋਇਨ ਬਰਾਮਦ ਕੀਤੀ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਯਾਸੀਨ ਮੁਹੰਮਦ ਵਜੋਂ ਹੋਈ ਏ ਜੋ ਕਿ ਉੱਤਰ ਪ੍ਰਦੇਸ਼ ਦੇ ਸੰਭਲ ਦੇ ਪਿੰਡ ਅਟਵਾ ਦਾ ਰਹਿਣ ਵਾਲਾ ਏ ਜੋ ਇਸ ਸਮੇਂ ਮੋਹਾਲੀ ਦੇ ਪਿੰਡ ਲਾਲੜੂ ਵਿੱਚ ਰਹਿੰਦਾ ਏ । ਮੁਲਜ਼ਮ ਦਾ ਅਪਰਾਧਿਕ ਪਿਛੋਕੜ ਏ ਜਿਸਦੇ ਖਿਲਾਫ ਅਸਲਾ ਐਕਟ ਸਮੇਤ ਕਿ ਮਾਮਲੇ ਦਰਜ ਨੇ| ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ  ਕਿ ਮੁਲਜ਼ਮ ਜਗਪ੍ਰੀਤ ਸਿੰਘ ਉਰਫ਼ ਜੱਗਾ ਪਾਕਿਸਤਾਨ ਸਥਿਤ ਤਸਕਰਾਂ ਦੇ ਸੰਪਰਕ ਵਿੱਚ ਸੀ ਅਤੇ ਉਹ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਯਾਸੀਨ ਮੁਹੰਮਦ ਨਾਲ ਮਿਲ ਕੇ

ਨੈੱਟਵਰਕ ਚਲਾ ਰਿਹਾ ਸੀ। ਪੂਰੇ ਗਠਜੋੜ ਦਾ ਪਰਦਾਫਾਸ਼ ਕਰਨ ਲਈ ਜਾਂਚ ਕੀਤੀ ਜਾ ਰਹੀ ਏ ।

-----------------------------------------------------------------

ਬਾਲ ਭੀਖ ਮੰਗਣ ਨੂੰ ਜੜ੍ਹੋਂ ਖ਼ਤਮ ਕਰਨ ਲਈ ਪੰਜਾਬ ਸਰਕਾਰ ਦੀਆਂ ਹਦਾਇਤਾਂ ’ਤੇ ਚਲਾਏ ਜਾ ਰਹੇ ਜੀਵਨਜੋਤ ਪ੍ਰਾਜੈਕਟ ਤਹਿਤ ਜਲੰਧਰ ਜ਼ਿਲ੍ਹਾ ਪੱਧਰੀ ਬਾਲ ਭਿੱਖਿਆ ਰੋਕੂ ਕਾਰਜ ਬਲ ਨੇ ਅੱਜ ਬੀ.ਐਮ.ਸੀ. ਚੌਕ, ਗੁਰੂ ਨਾਨਕ ਮਿਸ਼ਨ ਚੌਕ, ਬੱਸ ਅੱਡੇ ਅਤੇ ਪਿਮਸ ਨੇੜੇ ਛਾਪੇਮਾਰੀ ਕੀਤੀ। ਛਾਪੇਮਾਰੀ ਦੌਰਾਨ ਪਿਮਸ ਹਸਪਤਾਲ ਦੇ ਬਾਹਰਲੇ ਇਲਾਕੇ ’ਚੋਂ ਭੀਖ ਮੰਗਦੀਆਂ 2 ਬੱਚੀਆਂ ਨੂੰ ਬਚਾਇਆ ਗਿਆ । ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਨੇ ਦੱਸਿਆ ਕਿ ਇਨ੍ਹਾਂ ਲੜਕੀਆਂ ਦੀ ਉਮਰ 8-11 ਸਾਲ ਦੇ ਕਰੀਬ ਏ , ਜਿਨ੍ਹਾਂ ਨੂੰ ਮੈਡੀਕਲ ਕਰਵਾਉਣ ਉਪਰੰਤ ਬਾਲ ਭਲਾਈ ਕਮੇਟੀ ਅੱਗੇ ਪੇਸ਼ ਕਰਨ ਤੋਂ ਬਾਅਦ ਚਿਲਡਰਨ ਹੋਮ ਗਾਂਧੀ ਵਾਨਿਤਾ ਆਸ਼ਰਮ ਵਿਖੇ ਸ਼ੈਲਟਰ ਪ੍ਰਦਾਨ ਕੀਤਾ ਗਿਆ ਏ । ਉਨ੍ਹਾਂ ਦੱਸਿਆ ਕਿ ਬੱਚੀਆਂ ਦੇ ਮਾਪਿਆਂ ਦੇ ਬਾਲ ਭਲਾਈ ਕਮੇਟੀ ਅੱਗੇ ਪੇਸ਼ ਹੋਣ ਤੋਂ ਬਾਅਦ ਅਗਲੇਰੀ ਕਾਰਵਾਈ ਆਰੰਭੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਬੱਚਾ ਭੀਖ ਮੰਗਦਾ ਜਾਂ ਬਾਲ ਮਜ਼ਦੂਰੀ ਕਰਦਾ ਮਿਲਦਾ ਹੈ ਤਾਂ ਉਸ ਦੀ ਸੂਚਨਾ ਚਾਈਲਡ ਲਾਈਨ 1098 ’ਤੇ ਦਿੱਤੀ ਜਾਵੇ। ਉਨ੍ਹਾਂ ਨਾਗਰਿਕਾਂ ਨੂੰ ਵੀ ਅਪੀਲ ਕੀਤੀ ਕਿ ਕਿਸੇ ਵੀ ਬੱਚੇ

ਨੂੰ ਚੰਦ ਪੈਸੇ ਦੇ ਕੇ ਬਾਲ ਭਿੱਖਿਆ ਨੂੰ ਉਤਸ਼ਾਹਿਤ ਨਾ ਕੀਤਾ ਜਾਵੇ ਸਗੋਂ ਬਾਲ ਭੀਖ ਮੰਗਣ ਨੂੰ ਜੜ੍ਹੋਂ ਖਤਮ ਕਰਨ ਲਈ ਸਰਕਾਰ ਵੱਲੋਂ ਚਲਾਈ ਵਿਸ਼ੇਸ਼ ਮੁਹਿੰਮ ਵਿੱਚ ਸਹਿਯੋਗ ਦਿੱਤਾ ਜਾਵੇ।

-------------------------------------------------------------------

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਜਿਸ ਤਰ੍ਹਾਂ ਕਿਸਾਨ ਭਰਾ ਹੜ੍ਹਾਂ ਵਿੱਚ ਲੋਕਾਂ ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਮਦਦ ਲਈ ਆਪ ਮੁਹਾਰੇ ਅੱਗੇ ਆਏ ਨੇ , ਇਸੇ ਤਰ੍ਹਾਂ ਪਰਾਲੀ ਪ੍ਰਬੰਧਨ ਲਈ ਵੀ ਇੰਨ ਸੀਟੂ ਤੇ ਐਕਸ ਸੀਟੂ ਤਕਨੀਕਾਂ ਦੀ ਵਰਤੋਂ ਕਰਕੇ ਵਾਤਾਵਰਣ ਨੂੰ ਬਚਾਉਣ ਲਈ ਆਪਣਾ ਬਹੁਮੁੱਲਾ ਯੋਗਦਾਨ ਪਾਉਣ।
ਉਹ ਅੱਜ ਐਸ.ਐਸ.ਪੀ. ਵਰੁਣ ਸ਼ਰਮਾ ਨਾਲ ਪਰਾਲੀ ਪ੍ਰਬੰਧਨ ਸਬੰਧੀ ਜ਼ਿਲ੍ਹੇ ਦੇ ਐਸ.ਡੀ.ਐਮਜ਼ ਤੇ ਡੀ.ਐਸ.ਪੀਜ਼ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਹਿਮ ਬੈਠਕ ਕਰ ਰਹੇ ਸਨ।

Byte

ਉਨ੍ਹਾਂ ਕਿਹਾ ਕਿ ਐਸ.ਡੀ.ਐਮਜ਼ ਪਰਾਲੀ ਪ੍ਰਬੰਧਨ ਸਬੰਧੀ ਕਿਸਾਨਾਂ ਨਾਲ ਹੇਠਲੇ ਪੱਧਰ 'ਤੇ ਰਾਬਤਾ ਕਰਨ ਤੇ ਕਿਸਾਨਾਂ ਨੂੰ ਜਾਗਰੂਕ ਕਰਨ ਸਮੇਤ ਆਪਣੇ ਅਧੀਨ ਪੈਂਦੇ ਖੇਤਰ ਵਿੱਚ ਪਰਾਲੀ ਪ੍ਰਬੰਧਨ ਵਾਲੀ ਮਸ਼ੀਨਰੀ ਦੀ ਪੂਰੀ ਸਮਰੱਥਾ ਨਾਲ ਵਰਤੋਂ ਨੂੰ ਯਕੀਨੀ ਬਣਾਉਣ।

ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਕਿਸਾਨਾਂ ਨੂੰ ਪਰਾਲੀ ਪ੍ਰਬੰਧ ਸਬੰਧੀ ਸਮੇਂ ਸਿਰ ਮਸ਼ੀਨਰੀ ਉਪਲਬਧ ਕਰਵਾਉਣ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੀਆਂ ਡਿਊਟੀਆਂ ਪਹਿਲਾਂ ਹੀ ਲਗਾਈਆਂ ਜਾ ਚੁੱਕੀਆਂ ਨੇ ।

----------------------------------------------------------------

ਚੰਡੀਗੜ੍ਹ ਦੇ ਨਿਸ਼ਾਂਤ ਕੁਮਾਰ ਯਾਦਵ ਡਿਪਟੀ ਕਮਿਸ਼ਨਰ ਅਤੇ ਭਾਰਤੀ ਰੈੱਡ ਕਰਾਸ ਸੋਸਾਇਟੀ ਚੰਡੀਗੜ੍ਹ ਬ੍ਰਾਂਚ ਦੇ ਚੇਅਰਮੈਨ ਨੇ ਹਾਲ ਹੀ ਵਿੱਚ ਆਏ ਹੜ੍ਹਾਂ ਤੋਂ ਪ੍ਰਭਾਵਿਤ ਪਰਿਵਾਰਾਂ ਲਈ ਰਾਹਤ ਸਮੱਗਰੀ ਲੈ ਕੇ ਜਾਣ ਵਾਲੇ ਚਾਰ ਟਰੱਕਾਂ ਦੇ ਕਾਫਲੇ ਨੂੰ ਝੰਡੀ ਦਿਖਾ ਕੇ ਅੰਮ੍ਰਿਤਸਰ ਅਤੇ ਗੁਰਦਾਸਪੁਰ ਲਈ ਰਵਾਨਾ ਕੀਤਾ। ਇਸ ਵਿੱਚ ਜ਼ਰੂਰੀ ਰਾਸ਼ਨ, ਪਸ਼ੂਆਂ ਦਾ ਚਾਰਾ, ਤਿਰਪਾਲਾਂ, ਭਾਂਡੇ ਅਤੇ ਹੋਰ ਰੋਜ਼ਾਨਾ ਵਰਤੋਂ ਦੀਆਂ ਚੀਜ਼ਾਂ ਸ਼ਾਮਲ ਹਨ। ਇਹ ਖੇਪ ਰੈੱਡ ਕਰਾਸ ਚੰਡੀਗੜ੍ਹ ਸ਼ਾਖਾ ਦੁਆਰਾ ਭੇਜੀ ਗਈ ਦੂਜੀ ਖੇਪ ਏ ਇਸ ਤੋਂ ਪਹਿਲਾਂ ਇਸ ਮਹੀਨੇ ਦੀ ਸ਼ੁਰੂਆਤ ਵਿੱਚ ਤਿੰਨ ਟਰੱਕ ਸਮੱਗਰੀ ਭੇਜੀ ਜਾ ਚੁੱਕੀ ਹੈ। ਡਿਪਟੀ ਕਮਿਸ਼ਨਰ ਨੇ ਪੰਜਾਬ ਦੇ ਲੋਕਾਂ ਦੇ ਪ੍ਰਤੀ ਗਹਿਰੀ ਇਕਜੁੱਟਤਾ ਵਿਅਕਤ ਕੀਤੀ ਅਤੇ ਭਰੋਸਾ ਦਿੱਤਾ ਕਿ ਚੰਡੀਗੜ੍ਹ ਸ਼ਾਖਾ ਰੈੱਡ ਕਰਾਸ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਦੀ ਰਹੇਗੀ । ਉਨ੍ਹਾਂ

ਕਿਹਾ ਕਿ ਅਜਿਹੀਆਂ ਕੁਦਰਤੀ ਆਫ਼ਤਾਂ ਦੇ ਦੌਰਾਨ ਮਾਨਵੀ ਸਹਾਇਤਾ ਕੇਵਲ ਦਾਨੀਆਂ ਦੇ ਉਦਾਰ ਸਹਿਯੋਗ ਨਾਲ ਹੀ ਸੰਭਵ ਹੁੰਦੀ ਏ।

-------------------------------------------------------------------

ਪੰਜਾਬ ਵਿੱਚ ਬੀਤੇ ਦਿਨੀਂ ਆਏ ਭਾਰੀ ਹੜ੍ਹਾਂ ਕਾਰਨ ਸੂਬੇ ਦੀਆਂ 4658 ਕਿਲੋਮੀਟਰ ਸੜਕਾਂ ਅਤੇ 68 ਪੁੱਲਾਂ ਦਾ ਨੁਕਸਾਨ ਹੋਇਆ ਏ।

ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਚੰਡੀਗੜ੍ਹ ਵਿਭਾਗ ਦੇ ਅਧਿਕਾਰੀਆਂ ਨਾਲ ਹੋਏ ਨੁਕਸਾਨ ਸਬੰਧੀ ਮੀਟਿੰਗ ਦੀ ਪ੍ਰਧਾਨਗੀ ਕਰਨ ਉਪਰੰਤ ਦਿੱਤੀ। ਉਹਨਾਂ ਦੱਸਿਆ ਕਿ ਸੂਬੇ ਦੀਆਂ ਪਲਾਨ ਰੋਡਸ ਅਧੀਨ ਆਉਂਦੇ 19 ਪੁਲਾਂ ਅਤੇ 1592.76 ਕਿਲੋਮੀਟਰ ਮਾਰਗ ਦਾ ਨੁਕਸਾਨ ਹੋਇਆ ਏ। ਕੈਬਨਿਟ ਮੰਤਰੀ ਨੇ ਦੱਸਿਆ ਕਿ ਕੌਮੀ ਮਾਰਗ ਅਧੀਨ ਆਉਂਦੇ 4 ਪੁਲਾਂ ਅਤੇ 49.69 ਕਿਲੋਮੀਟਰ ਸੜਕਾਂ ਦਾ ਨੁਕਸਾਨ ਹੋਇਆ ਏ  ਇਸ ਤੋਂ ਇਲਾਵਾ 657.54 ਕਿਲੋਮੀਟਰ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਦੀਆਂ ਸੜਕਾਂ ਨੂੰ ਨੁਕਸਾਨ ਪਹੁੰਚਿਆ ਹੈ। ਉਹਨਾਂ ਦੱਸਿਆ ਕਿ ਨੁਕਸਾਨੇ ਗਏ ਪੁਲਾਂ, ਸੜਕਾਂ, ਆਰ ਵਾਲ, ਬੀ ਵਾਲ ਅਤੇ ਕਲਵਟਾਂ ਦੀ ਮੁਰੰਮਤ ‘ਤੇ 1 ਹਜ਼ਾਰ 969 ਕਰੋੜ 50 ਲਖ ਰੁਪਏ ਖਰਚ ਆਉਣਗੇ।  ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਅੱਜ ਦੀ ਮੀਟਿੰਗ ਦੌਰਾਨ ਭਾਰਤੀ ਸ਼ਾਹਰਾਹ ਅਥਾਰਟੀ  ਦੇ ਅਧਿਕਾਰੀਆਂ ਨੂੰ ਸੂਬੇ ਦੀਆਂ ਵੱਖ-ਵੱਖ ਸੜਕਾਂ ਦੀ ਦਸ਼ਾ

ਨੂੰ ਤੁਰੰਤ ਸੁਧਾਰਨ ਸਬੰਧੀ ਦਿਸ਼ਾ-ਨਿਰਦੇਸ਼ ਦਿੱਤੇ ਗਏ। ਇਸ ਤੋਂ ਇਲਾਵਾ ਜਿਹੜੇ ਪ੍ਰੋਜੈਕਟ ਨੇਪਰੇ ਨਹੀਂ ਚੜ੍ਹੇ, ਉਹਨਾਂ ਦਾ ਕਾਰਜ ਤੇਜ਼ੀ ਨਾਲ ਮੁਕੰਮਲ ਕਰਵਾਉਣ ਲਈ ਵੀ ਹਦਾਇਤ ਕੀਤੀ ਗਈ ਏ।

------------------------------------------------------------------

ਵਿਸ਼ਵ ਐਥਲੈਟਿਕਸ ਚੈਂਪੀਅਨਸ਼ਿਪ ਦੇ ਮੌਜੂਦਾ ਚੈਂਪੀਅਨ ਨੀਰਜ ਚੋਪੜਾ ਨੇ ਕੁਆਲੀਫਿਕੇਸ਼ਨ ਲਈ 84.5 ਮੀਟਰ  ਜੈਵਲਿਨ ਸੁੱਟ ਕੇ ਫਾਈਨਲ ਵਿੱਚ ਪ੍ਰਵੇਸ਼ ਕਰ ਲਿਆ ਏ।

ਅੱਜ ਕੁਆਲੀਫਿਕੇਸ਼ਨ ਰਾਊਂਡ ਵਿੱਚ ਨੀਰਜ ਦਾ ਪਹਿਲਾ ਥ੍ਰੋਅ 84.85 ਮੀਟਰ ਸੀ।

------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਮੱਧ ਪ੍ਰਦੇਸ਼ ਦੇ ਧਾਰ ਤੋਂ, ਦੇਸ਼ ਵਿਆਪੀ 'ਸਵਸਥ ਨਾਰੀ, ਸਸ਼ਕਤ ਪਰਿਵਾਰ ਅਭਿਆਨ ਅਤੇ 8ਵੇਂ ਰਾ ਸ਼ਟਰੀ ਪੋਸ਼ਣ ਮਹੀਨੇ ਦੀ  ਕੀਤੀ ਸ਼ੁਰੂਆਤ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਜਨਮਦਿਨ ਮੌਕੇ, ਅੱਜ ਦੇਸ਼ ਭਰ ਵਿੱਚ ਇੱਕ ਵਿਸ਼ਾਲ ਖ਼ੂਨਦਾਨ ਮੁਹਿੰਮ ਚਲਾਈ ਜਾ ਰਹੀ ਏ।
- ਕੇਂਦਰੀ ਰਾਜ ਮੰਤਰੀ ਜਤਿੰਦਰ ਸਿੰਘ ਨੇ ਕਿਹਾ -

ਹੜ੍ਹ ਪ੍ਰਭਾਵਿਤ ਪੰਜਾਬ ਨੂੰ ਮੁੜ ਲੀਹ 'ਤੇ ਲਿਆਉਣ ਲਈ ਰਾਹਤ ਪੈਕੇ ਜ ਵਜੋਂ ਦਿੱਤੇ ਜਾਣ ਵਾਲੇ ਫੰਡਾਂ 'ਤੇ ਕੋਈ ਪਾਬੰਦੀ ਜਾਂ ਹੱਦ  ਨਹੀਂ ਏ।

- ਹੜ੍ਹ ਪੀੜਤਾਂ ਦੇ ਮੁੜ ਵਸੇਬੇ ਲਈ ਉਪਰਾਲਿਆਂ ਨੂੰ ਤੇਜ਼ ਕਰਦਿਆਂ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ 'ਮਿਸ਼ਨ ਚੜ੍ਹਦੀ ਕਲਾ' ਦੀ ਸ਼ੁਰੂਆਤ-

  ਵਿਸ਼ਵ ਪੱਧਰ 'ਤੇ ਲੋਕਾਂ ਨੂੰ ਫੰਡ ਜੁਟਾਉਣ ਦੀ ਕੀਤੀ ਅਪੀਲ I
- ਪੰਜਾਬ ਵਿੱਚ ਹੜ੍ਹਾਂ ਕਾਰਨ ਸੂਬੇ ਦੀਆਂ 4 ਹਜ਼ਾਰ 658 ਕਿਲੋਮੀਟਰ ਸੜਕਾਂ ਅਤੇ 68 ਪੁੱਲਾਂ ਦਾ ਨੁਕਸਾਨ ਹੋਇਆ-

  ਸੂਬੇ ਦੇ ਲੋਕ ਨਿਰਮਾਣ ਮੰਤਰੀ ਨੇ ਸੰਬਧਤ ਅਧਿਕਾਰੀਆਂ ਨੂੰ ਸੜਕਾਂ ਦੀ ਮੁਰੰਮਤ ਸਬੰਧੀ ਦਿੱਤੇ ਨਿਰਦੇਸ਼ ।
- ਵਿਸ਼ਵ ਐਥਲੈਟਿਕਸ ਚੈਂਪੀਅਨਸ਼ਿਪ ਦੇ ਮੌਜੂਦਾ ਚੈਂਪੀਅਨ ਨੀਰਜ ਚੋਪੜਾ ਨੇ ਕੁਆਲੀਫਿਕੇਸ਼ਨ ਲਈ 84.5 ਮੀਟਰ ਜੈਵਲਿਨ ਸੁੱਟ ਕੇ ਫਾਈਨਲ ਵਿੱਚ ਪ੍ਰਵੇਸ਼ ਕੀਤਾ ।

-----------------------------------------------------------------------

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ

ਨਮਸਕਾਰ !